# TODAY'S HUKAMNAMA FROM SRI DARBAR SAHIB
## Sri Amritsar.

**[June 5, 2013, Wednesday 04:30 AM. IST]**

ਰਾਗੁ ਸੂਹੀ ਅਸਟਪਦੀਆ ਮਹਲਾ ੪ ਘਰੁ ੨

ੴ ਸਤਿਗੁਰ ਪ੍ਰਸਾਦਿ ॥

ਕੋਈ ਆਣਿ ਮਿਲਾਵੈ ਮੇਰਾ ਪ੍ਰੀਤਮੁ ਪਿਆਰਾ ਹਉ ਤਿਸੁ ਪਹਿ ਆਪੁ ਵੇਚਾਈ ॥੧॥ ਦਰਸਨੁ ਹਰਿ ਦੇਖਣ ਕੈ ਤਾਈ ॥ ਕ੍ਰਿਪਾ ਕਰਹਿ ਤਾ ਸਤਿਗੁਰੁ ਮੇਲਹਿ ਹਰਿ ਹਰਿ ਨਾਮੁ ਧਿਆਈ ॥੧॥ ਰਹਾਉ ॥ ਜੇ ਸੁਖੁ ਦੇਹਿ ਤ ਤੁਝਹਿ ਅਰਾਧੀ ਦੁਖਿ ਭੀ ਤੁਝੈ ਧਿਆਈ ॥੨॥ ਜੇ ਭੁਖ ਦੇਹਿ ਤ ਇਤ ਹੀ ਰਾਜਾ ਦੁਖ ਵਿਚਿ ਸੂਖ ਮਨਾਈ ॥੩॥ ਤਨੁ ਮਨੁ ਕਾਟਿ ਕਾਟਿ ਸਭੁ ਅਰਪੀ ਵਿਚਿ ਅਗਨੀ ਆਪੁ ਜਲਾਈ ॥੪॥ ਪਖਾ ਫੇਰੀ ਪਾਣੀ ਢੋਵਾ ਜੋ ਦੇਵਹਿ ਸੋ ਖਾਈ ॥੫॥ ਨਾਨਕੁ ਗਰੀਬੁ ਢਹਿ ਪਇਆ ਦੁਆਰੈ ਹਰਿ ਮੇਲਿ ਲੈਹੁ ਵਡਿਆਈ ॥੬॥ ਅਖੀ ਕਾਢਿ ਧਰੀ ਚਰਣਾ ਤਲਿ ਸਭ ਧਰਤੀ ਫਿਰਿ ਮਤ ਪਾਈ ॥੭॥ ਜੇ ਪਾਸਿ ਬਹਾਲਹਿ ਤਾ ਤੁਝਹਿ ਅਰਾਧੀ ਜੇ ਮਾਰਿ ਕਢਹਿ ਭੀ ਧਿਆਈ ॥੮॥ ਜੇ ਲੋਕੁ ਸਲਾਹੇ ਤਾ ਤੇਰੀ ਉਪਮਾ ਜੇ ਨਿੰਦੈ ਤ ਛੋਡਿ ਨ ਜਾਈ ॥੯॥ ਜੇ ਤੁਧੁ ਵਲਿ ਰਹੈ ਤਾ ਕੋਈ ਕਿਹੁ ਆਖਉ ਤੁਧੁ ਵਿਸਰਿਐ ਮਰਿ ਜਾਈ ॥੧੦॥ ਵਾਰਿ ਵਾਰਿ ਜਾਈ ਗੁਰ ਊਪਰਿ ਪੈ ਪੈਰੀ ਸੰਤ ਮਨਾਈ ॥੧੧॥ ਨਾਨਕੁ ਵਿਚਾਰਾ ਭਇਆ ਦਿਵਾਨਾ ਹਰਿ ਤਉ ਦਰਸਨ ਕੈ ਤਾਈ ॥੧੨॥ ਝਖੜੁ ਝਾਗੀ ਮੀਹੁ ਵਰਸੈ ਭੀ ਗੁਰੁ ਦੇਖਣ ਜਾਈ ॥੧੩॥ ਸਮੁੰਦੁ ਸਾਗਰੁ ਹੋਵੈ ਬਹੁ ਖਾਰਾ ਗੁਰਸਿਖੁ ਲੰਘਿ ਗੁਰ ਪਹਿ ਜਾਈ ॥੧੪॥ ਜਿਉ ਪ੍ਰਾਣੀ ਜਲ ਬਿਨੁ ਹੈ ਮਰਤਾ ਤਿਉ ਸਿਖੁ ਗੁਰ ਬਿਨੁ ਮਰਿ ਜਾਈ ॥੧੫॥ ਜਿਉ ਧਰਤੀ ਸੋਭ ਕਰੇ ਜਲੁ ਬਰਸੈ ਤਿਉ ਸਿਖੁ ਗੁਰ ਮਿਲਿ ਬਿਗਸਾਈ ॥੧੬॥ ਸੇਵਕ ਕਾ ਹੋਇ ਸੇਵਕੁ ਵਰਤਾ ਕਰਿ ਕਰਿ ਬਿਨਉ ਬੁਲਾਈ ॥੧੭॥ ਨਾਨਕ ਕੀ ਬੇਨੰਤੀ ਹਰਿ ਪਹਿ ਗੁਰ ਮਿਲਿ ਗੁਰ ਸੁਖੁ ਪਾਈ ॥੧੮॥ ਤੂ ਆਪੇ ਗੁਰੁ ਚੇਲਾ ਹੈ ਆਪੇ ਗੁਰ ਵਿਚੁ ਦੇ ਤੁਝਹਿ ਧਿਆਈ ॥੧੯॥ ਜੋ ਤੁਧੁ ਸੇਵਹਿ ਸੋ ਤੂਹੈ ਹੋਵਹਿ ਤੁਧੁ ਸੇਵਕ ਪੈਜ ਰਖਾਈ ॥੨੦॥ ਭੰਡਾਰ ਭਰੇ ਭਗਤੀ ਹਰਿ ਤੇਰੇ ਜਿਸੁ ਭਾਵੈ ਤਿਸੁ ਦੇਵਾਈ ॥੨੧॥ ਜਿਸੁ ਤੂੰ ਦੇਹਿ ਸੋਈ ਜਨੁ ਪਾਏ ਹੋਰ ਨਿਹਫਲ ਸਭ ਚਤੁਰਾਈ ॥੨੨॥ ਸਿਮਰਿ ਸਿਮਰਿ ਸਿਮਰਿ ਗੁਰੁ ਅਪੁਨਾ ਸੋਇਆ ਮਨੁ ਜਾਗਾਈ ॥੨੩॥ ਇਕੁ ਦਾਨੁ ਮੰਗੈ ਨਾਨਕੁ ਵੇਚਾਰਾ ਹਰਿ ਦਾਸਨਿ ਦਾਸੁ ਕਰਾਈ ॥੨੪॥ ਜੇ ਗੁਰੁ ਝਿੜਕੇ ਤ ਮੀਠਾ ਲਾਗੈ ਜੇ ਬਖਸੇ ਤ ਗੁਰ ਵਡਿਆਈ ॥੨੫॥ ਗੁਰਮੁਖਿ ਬੋਲਹਿ ਸੋ ਥਾਇ ਪਾਏ ਮਨਮੁਖਿ ਕਿਛੁ ਥਾਇ ਨ ਪਾਈ ॥੨੬॥ ਪਾਲਾ ਕਕਰੁ ਵਰਫ ਵਰਸੈ ਗੁਰਸਿਖੁ ਗੁਰ ਦੇਖਣ ਜਾਈ ॥੨੭॥ ਸਭੁ ਦਿਨਸੁ ਰੈਣਿ ਦੇਖਉ ਗੁਰੁ ਅਪੁਨਾ ਵਿਚਿ ਅਖੀ ਗੁਰ ਪੈਰ ਧਰਾਈ ॥੨੮॥ ਅਨੇਕ ਉਪਾਵ ਕਰੀ ਗੁਰ ਕਾਰਣਿ ਗੁਰ ਭਾਵੈ ਸੋ ਥਾਇ ਪਾਈ ॥੨੯॥ ਰੈਣਿ ਦਿਨਸੁ ਗੁਰ ਚਰਣ ਅਰਾਧੀ ਦਇਆ ਕਰਹੁ ਮੇਰੇ ਸਾਈ ॥੩੦॥ ਨਾਨਕ ਕਾ ਜੀਉ ਪਿੰਡੁ ਗੁਰੂ ਹੈ ਗੁਰ ਮਿਲਿ ਤ੍ਰਿਪਤਿ ਅਘਾਈ ॥੩੧॥ ਨਾਨਕ ਕਾ ਪ੍ਰਭੁ ਪੂਰਿ ਰਹਿਓ ਹੈ ਜਤ ਕਤ ਤਤ ਗੋਸਾਈ ॥੩੨॥੧॥

ਬੁੱਧਵਾਰ, ੨੩ ਜੇਠ (ਸੰਮਤ ੫੪੫ ਨਾਨਕਸ਼ਾਹੀ) ੫ ਜੂਨ, ੨੦੧੩ (ਅੰਗ: ੭੫੭)

ਇਸ ਅਸਟਪਦੀ ਵਿਚ ਗੁਰਸਿੱਖ ਦੇ ਗੁਰਮਿਲਾਪ ਲਈ ਲਏ ਗਏ ਤਰਲਿਆ ਦਾ ਵਿਸਥਾਰ ਸਹਿਜ਼ ਵਰਨਣ ਕੀਤਾ ਗਿਆ ਹੈ । ਮਨੁੱਖੀ ਜੀਵਨ ਦਾ ਉਦੇਸ਼ ਪਰਮੇਸ਼ਵਰ ਨਾਲ ਇਕ ਮਿੱਕ ਹੋਣਾ ਹੈ ਜਿਸ ਦੁਆਰਾ ਜਨਮ-ਮਰਨ ਦਾ ਚੱਕਰ ਕਟਿਆ ਜਾਦਾ ਹੈ ਤੇ ਸਦੀਵੀ ਜੀਵਨ ਦੀ ਪ੍ਰਾਪਤੀ ਹੁੰਦੀ ਹੈ ।ਸੋ ਅਜਿਹੀ ਦੁਰਲੱਭ ਪ੍ਰਾਪਤੀ ਵਿਚ ਸਹਾਇਕ ਹੋਣ ਵਾਲੇ ਸਤਿਗੁਰੂ ਅੱਗੇ ਪੂਰਨ ਸਮਰਪਣ ਕਰਨ ਲਈ ਗੁਰਸਿੱਖ ਆਪਣੇ ਸੰਸਾਰਕ ਜੀਵਨ ਤੇ ਇਸ ਨਾਲ ਸੰਬੰਧਤ ਸਾਰੀਆਂ ਸੁਖ ਸਹੂਲਤਾਂ ਤਿਆਗਣ ਤੇ ਗੁਰੂ ਮਿਲਾਪ ਲਈ ਸਾਰੀਆਂ ਰੁਕਾਵਟਾ ਪਾਰ ਕਰਨ ਲਈ ਤਿਆਰ ਹੁੰਦਾ ਹੈ ।